ਕੇਦਾਰਾ ਮਹਲਾ ੫ ਘਰੁ ੫ ੴ ਸਤਿਗੁਰ ਪ੍ਰਸਾਦਿ ॥ ਬਿਸਰਤ ਨਾਹਿ ਮਨ ਤੇ ਹਰੀ ॥ ਅਬ ਇਹ ਪ੍ਰੀਤਿ ਮਹਾ ਪ੍ਰਬਲ ਭਈ ਆਨ ਬਿਖੈ ਜਰੀ ॥ ਰਹਾਉ ॥ ਬੂੰਦ ਕਹਾ ਤਿਆਗਿ ਚਾਤ੍ਰਿਕ ਮੀਨ ਰਹਤ ਨ ਘਰੀ ॥ ਗੁਨ ਗੋਪਾਲ ਉਚਾਰੁ ਰਸਨਾ ਟੇਵ ਏਹ ਪਰੀ ॥੧॥ ਮਹਾ ਨਾਦ ਕੁਰੰਕ ਮੋਹਿਓ ਬੇਧਿ ਤੀਖਨ ਸਰੀ ॥ ਪ੍ਰਭ ਚਰਨ ਕਮਲ ਰਸਾਲ ਨਾਨਕ ਗਾਠਿ ਬਾਧਿ ਧਰੀ ॥੨॥੧॥੯॥ {ਪੰਨਾ 1120-1121}

ਪਦਅਰਥ:- ਤੇ—ਤੋਂ। ਹਰੀ—ਪਰਮਾਤਮਾ। ਅਬ—ਹੁਣ। ਮਹਾ—ਬਹੁਤ। ਪ੍ਰਬਲ—ਤਕੜੀ। ਆਨੁ—{ANX} ਹੋਰ। ਬਿਖੈ—ਵਿਸ਼ੇ। ਜਰੀ—ਸੜ ਗਏ। ਰਹਾਉ।

ਬੂੰਦ—(ਸ੍ਵਾਂਤੀ ਨਛੱਤ੍ਰ ਦੀ ਵਰਖਾ ਦੀ) ਕਣੀ। ਕਹਾ ਤਿਆਗਿ—ਕਿੱਥੇ ਤਿਆਗ ਸਕਦਾ ਹੈ? ਨਹੀਂ ਛੱਡ ਸਕਦਾ। ਚਾਤ੍ਰਿਕ—ਪਪੀਹਾ। ਮੀਨ—ਮੱਛੀ। ਘਰੀ—ਘੜੀ। ਰਸਨਾ—ਜੀਭ ਨਾਲ। ਟੇਵ—ਆਦਤ। ਪਰੀ—ਪੈ ਜਾਂਦੀ ਹੈ।1।

ਨਾਦ—(ਘੰਡੇਹੇੜੇ ਦੀ) ਆਵਾਜ਼। ਕੁਰੰਕ—ਹਰਨ। ਬੇਧਿ—ਵਿੰਨ੍ਹਿਆ ਜਾਂਦਾ ਹੈ। ਸਰ—ਤੀਰ। ਤੀਖਨ ਸਰੀ—ਤੇਜ਼ ਤੀਰਾਂ ਨਾਲ। ਰਸਾਲ—{ਰਸ-ਆਲਯ—ਰਸਾਂ ਦਾ ਘਰ} ਮਿੱਠੇ। ਗਾਠਿ—ਗੰਢ। ਬਾਧਿ ਧਰੀ—ਬੰਨ੍ਹ ਲਈ।2।

ਅਰਥ:- ਹੇ ਭਾਈ! (ਜਿਸ ਮਨੁੱਖ ਦੇ) ਮਨ ਤੋਂ ਪਰਮਾਤਮਾ ਨਹੀਂ ਭੁੱਲਦਾ, ਉਸ ਦੇ ਅੰਦਰ ਆਖ਼ਰ ਇਹ ਪਿਆਰ ਇਤਨਾ ਬਲਵਾਨ ਹੋ ਜਾਂਦਾ ਹੈ ਕਿ ਹੋਰ ਸਾਰੇ ਵਿਸ਼ੇ (ਇਸ ਪ੍ਰੀਤ-ਅਗਨੀ ਵਿਚ) ਸੜ ਜਾਂਦੇ ਹਨ। ਰਹਾਉ।

ਹੇ ਭਾਈ! (ਵੇਖੋ ਪ੍ਰੀਤ ਦੇ ਕਾਰਨਾਮੇ!) ਪਪੀਹਾ (ਸ੍ਵਾਂਤੀ ਨਛੱਤ੍ਰ ਦੀ ਵਰਖਾ ਦੀ) ਬੂੰਦ ਛੱਡ ਕੇ ਕਿਸੇ ਹੋਰ ਬੂੰਦ ਨਾਲ ਤ੍ਰਿਪਤ ਨਹੀਂ ਹੁੰਦਾ। ਮੱਛੀ (ਦਾ ਪਾਣੀ ਨਾਲ ਇਤਨਾ ਪਿਆਰ ਹੈ ਕਿ ਉਹ ਪਾਣੀ ਤੋਂ ਬਿਨਾ) ਇਕ ਘੜੀ ਭੀ ਜੀਊ ਨਹੀਂ ਸਕਦੀ। ਹੇ ਭਾਈ! ਆਪਣੀ ਜੀਭ ਨਾਲ ਸ੍ਰਿਸ਼ਟੀ ਦੇ ਪਾਲਣਹਾਰ ਪ੍ਰਭੂ ਦੇ ਗੁਣ ਗਾਇਆ ਕਰ। (ਜਿਹੜਾ ਮਨੁੱਖ ਸਦਾ ਹਰਿ-ਗੁਣ ਉਚਾਰਦਾ ਹੈ, ਉਸ ਨੂੰ) ਇਹ ਆਦਤ ਹੀ ਬਣ ਜਾਂਦੀ ਹੈ (ਫਿਰ ਉਹ ਗੁਣ ਉਚਾਰਨ ਤੋਂ ਬਿਨਾ ਰਹਿ ਨਹੀਂ ਸਕਦਾ)।1।

ਹੇ ਭਾਈ! (ਪ੍ਰੀਤ ਦਾ ਹੋਰ ਕਾਰਨਾਮਾ ਵੇਖ!) ਹਰਨ (ਘੰਡੇਹੇੜੇ ਦੀ) ਆਵਾਜ਼ ਨਾਲ ਮੋਹਿਆ ਜਾਂਦਾ ਹੈ (ਉਸ ਵਿਚ ਇਤਨਾ ਮਸਤ ਹੁੰਦਾ ਹੈ ਕਿ ਸ਼ਿਕਾਰੀ ਦੇ) ਤ੍ਰਿੱਖੇ ਤੀਰਾਂ ਨਾਲ ਵਿੱਝ ਜਾਂਦਾ ਹੈ। (ਇਸੇ ਤਰ੍ਹਾਂ) ਹੇ ਨਾਨਕ! (ਜਿਸ ਮਨੁੱਖ ਨੂੰ) ਪ੍ਰਭੂ ਦੇ ਸੋਹਣੇ ਚਰਨ ਮਿੱਠੇ ਲੱਗਦੇ ਹਨ, (ਉਹ ਮਨੁੱਖ ਇਹਨਾਂ ਚਰਨਾਂ ਨਾਲ ਆਪਣੇ ਮਨ ਦੀ ਪੱਕੀ) ਗੰਢ ਬੰਨ੍ਹ ਲੈਂਦਾ ਹੈ।2।1।9।